**ਦਫਤਰ: ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ) ਪੰਜਾਬ, ਫੇਜ਼-8, ਐਸ.ਏ.ਐਸ. ਨਗਰ।**
**(ਸਪੋਰਟਸ-ਸ਼ਾਖਾ)**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸ.ਸ)

2. ਸਮੂਹ ਸਕੂਲ ਮੁੱਖੀ

ਮੀਮੋ ਨੰ: 10/11-2014 ਸਪੋਰਟਸ
ਮਿਤੀ ਐਸ.ਏ.ਐਸ ਨਗਰ: 27-08-2014

ਵਿਸ਼ਾ:- ਮਿਤੀ 29.08.2014 ਨੂੰ ਖੇਡ ਦਿਵਸ ਮਨਾਉਣ ਸੰਬੰਧੀ ।

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਸਰਬ ਸਿੱਖਿਆ ਅਭਿਆਨ ਵੱਲੋਂ ਜਾਰੀ ਸਾਲ 2014-15 ਦੇ ਕਲੰਡਰ ਅਨੁਸਾਰ ਮਿਤੀ 25.08.14 ਤੋਂ 30.08.14 ਤੱਕ ਖੇਡ ਹਫਤਾ ਮਨਾਇਆ ਜਾ ਰਿਹਾ ਹੈ। ਸਮੂਹ ਸਕੂਲਾਂ ਨੂੰ ਇਸ ਹੱਫਤੇ ਵਿੱਚ ਵੱਖ-ਵੱਖ ਗਤੀਵੀਧੀਆਂ ਕਰਵਾਓਣ ਬਾਰੇ ਪਹਿਲਾ ਹੀ ਆਦੇਸ਼ ਜਾਰੀ ਕੀਤੇ ਹੋਏ ਹਨ। ਮਿਤੀ 29.08.2014 ਨੂੰ ਪੰਜਾਬ ਦੇ ਹਰ ਸਕੂਲ ਵਿਖੇ ਸਵੇਰ ਦੀ ਸਭਾ ਵਿੱਚ ਹੇਠ ਅਨੁਸਾਰ ਗਤੀਵੀਧੀਆਂ ਕਰਵਾਉਣ ਲਈ ਲਿਖਿਆ ਜਾਂਦਾ ਹੈ:-

1. ਮਾਨਯੋਗ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ ਜੀ ਦਾ ਸੰਦੇਸ਼ ਨਾਲ ਨੱਥੀ ਕਰਕੇ ਭੇਜਿਆ ਜਾਂਦਾ ਹੈ ਜੋ ਕਿ ਆਪਜੀ ਨੇ ਬੱਚਿਆਂ ਨਾਲ ਸਾਂਝਾ ਕਰਨਾ ਹੈ।

2. ਖੇਡਾਂ ਨਾਲ ਸੰਬੰਧਤ ਕੁਇਜ ਮੁਕਾਬਲਾ ਕਰਵਾਉਣਾ।

3. ਜੇਤੂ ਟੀਮ ਦਾ ਸਨਮਾਨ ਕਰਨਾ।

ਸ: ਸਿੰਘ ਤੂਰ 27/8/14
ਡਿਪਟੀ ਡਾਇਰੈਕਟਰ (ਫਿਜੀ.ਐਜੂ)

ਐਂਡੀ: ਸੀਟੇਟ

# ਕੌਮੀ ਖੇਡ ਦਿਵਸ ’ਤੇ ਮਾਨਯੋਗ ਸਿੱਖਿਆ ਮੰਤਰੀ ਪੰਜਾਬ ਡਾ. ਦਲ਼ਜੀਤ ਸਿੰਘ ਚੀਮਾ ਜੀ ਦਾ ਸੰਦੇਸ਼

ਅੱਜ ਭਾਰਤ ਦੀ ਕੌਮੀ ਖੇਡ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੇ ਜਨਮ ਦਿਨ ਨੂੰ ਕੌਮੀ ਖੇਡ ਦਿਵਸ ਦੇ ਰੂਪ ਵਿੱਚ ਮਨਾ ਰਹੇ ਸਮੂਹ ਪੰਜਾਬੀਆਂ ਨੂੰ ਮੈਂ ਇਸ ਦਿਨ ਦੀ ਮੁਬਾਰਕਬਾਦ ਦਿੰਦਾ ਹਾਂ। ਖੇਡਾਂ ਦਾ ਮਨੁੱਖੀ ਜੀਵਨ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਤੋਂ ਹੀ ਵਡਮੁੱਲਾ ਯੋਗਦਾਨ ਰਿਹਾ ਹੈ ਅਤੇ ਇਤਿਹਾਸ ’ਤੇ ਨਜ਼ਰ ਮਾਰਨ ਉਤੇ ਪੰਜਾਬੀਆਂ ਦੀਆਂ ਖੇਡਾਂ ਦੇ ਖੇਤਰ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਨਜ਼ਰ ਆਉਂਦੀਆਂ ਹਨ। ਹਾਕੀ ਦੇ:- ਸ. ਬਲਬੀਰ ਸਿੰਘ ਸੀਨੀਅਰ, ਸ. ਊਧਮ ਸਿੰਘ, ਸ. ਅਜੀਤਪਾਲ ਸਿੰਘ, ਸ. ਸੁਰਜੀਤ ਸਿੰਘ, ਸ. ਪਰਗਟ ਸਿੰਘ, ਸ. ਹਰਮੀਕ ਸਿੰਘ, ਸ੍ਰੀਮਤੀ ਰੂਪਾ ਸੈਣੀ, ਸ੍ਰੀਮਤੀ ਰਾਜਬੀਰ ਕੌਰ, ਸ. ਸੁਖਬੀਰ ਸਿੰਘ ਗਰੇਵਾਲ, ਸ. ਸੁਰਿੰਦਰ ਸਿੰਘ ਸੋਢੀ, ਕੁਸ਼ਤੀ ਦੇ ਸ. ਦਾਰਾ ਸਿੰਘ, ਸ. ਕਰਤਾਰ ਸਿੰਘ, ਫੁੱਟਬਾਲ ਦੇ:- ਸ. ਜਰਨੈਲ ਸਿੰਘ, ਸ. ਇੰਦਰ ਸਿੰਘ, ਸ. ਗੁਰਦੇਵ ਸਿੰਘ ਗਿੱਲ, ਬਾਕਸਿੰਗ ਦੇ:- ਸ. ਕੌਰ ਸਿੰਘ, ਸ. ਜੈਪਾਲ ਸਿੰਘ, ਅਥਲੈਟਿਕਸ ਦੇ:- ਸ. ਮਿਲਖਾ ਸਿੰਘ, ਸ. ਅਜਮੇਰ ਸਿੰਘ, ਸ. ਪ੍ਰਦੁੱਮਣ ਸਿੰਘ, ਸ. ਮਹਿੰਦਰ ਸਿੰਘ, ਸ੍ਰੀ ਪਰਵੀਨ ਕੁਮਾਰ, ਸ੍ਰੀਮਤੀ ਕਮਲਜੀਤ ਸੰਧੂ, ਸ. ਬਹਾਦਰ ਸਿੰਘ, ਸ੍ਰੀਮਤੀ ਮਨਜੀਤ ਕੌਰ, ਨਿਸ਼ਾਨੇਬਾਜ਼ੀ ਦੇ:- ਸ੍ਰੀ ਅਭਿਨਵ ਬਿੰਦਰਾ, ਸ. ਮਾਨਵਜੀਤ ਸੰਧੂ, ਸ. ਰੰਜਨ ਸੋਢੀ, ਸ੍ਰੀਮਤੀ ਅਵਨੀਤ ਕੌਰ ਸਿੱਧੂ, ਹਿਨਾ ਸਿੱਧੂ, ਕ੍ਰਿਕਟ ਦੇ:- ਸ. ਨਵਜੋਤ ਸਿੱਧੂ, ਸ. ਹਰਭਜਨ ਸਿੰਘ, ਅਤੇ ਸ੍ਰੀ ਯੁਵਰਾਜ ਸਿੰਘ ਵਰਗੇ ਪੰਜਾਬੀਆਂ/ਪੰਜਾਬਣਾਂ ਨੇ ਕੇਵਲ ਭਾਰਤ ਵਿੱਚ ਹੀ ਨਹੀਂ ਸਗੋਂ ਸਮੁੱਚੇ ਸੰਸਾਰ ਵਿੱਚ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਕੋਈ ਸਮਾਂ ਸੀ ਜਦੋਂ ਭਾਰਤ ਦੀ ਕੌਮੀ ਖੇਡ ਹਾਕੀ ਦੀ ਟੀਮ ਪੰਜਾਬੀਆਂ ਦੀ ਟੀਮ ਹੀ ਜਾਪਦੀ ਹੁੰਦੀ ਸੀ ਪਰ ਮੌਜੂਦਾ ਸਥਿਤੀਆਂ ਵਿੱਚ ਪੰਜਾਬ ਦੀਆਂ ਖੇਡਾਂ ਦੇ ਖੇਤਰ ਵਿੱਚਲੀਆਂ ਪ੍ਰਾਪਤੀਆਂ ਵਿੱਚ ਖੜੋਤ ਦੇਖਣ ਨੂੰ ਮਿਲ ਰਹੀ ਹੈ। ਸਮੇਂ ਦੀ ਲੋੜ ਹੈ ਕਿ ਖੇਡਾਂ ਦੇ ਖੇਤਰ ਵਿੱਚ ਪੰਜਾਬੀਆਂ ਦੀਆਂ ਘੱਟ ਰਹੀਆਂ ਪ੍ਰਾਪਤੀਆਂ ਦੇ ਕਾਰਨਾਂ ਨੂੰ ਖੋਜਿਆ ਜਾਵੇ ਤਾਂ ਜੋ ਪੰਜਾਬੀਆਂ ਦਾ ਖੇਡਾਂ ਵਿੱਚ ਸਰਦਾਰੀ ਵਾਲਾ ਸੁਨਿਹਰੀ ਇਤਿਹਾਸ ਦੁਹਰਾਇਆ ਜਾ ਸਕੇ।

ਖੇਡਾਂ ਮਨੁੱਖੀ ਜੀਵਨ ਦਾ ਅਟੁੱਟ ਹਿੱਸਾ ਹਨ। ਖੇਡਾਂ ਕੇਵਲ ਮਨੋਰੰਜਨ ਜਾਂ ਪੈਸੇ ਕਮਾਉਣ ਦਾ ਸਾਧਨ ਹੀ ਨਹੀਂ ਸਗੋਂ ਮਨੁੱਖੀ ਜੀਵਨ ਨੂੰ ਅਨੁਸ਼ਾਸਤ ਕਰਨ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ। ਬੱਚਿਆਂ ਦੇ ਮਾਤਾ-ਪਿਤਾ ਵੀ ਬੱਚਿਆਂ ਨੂੰ ਖੇਡਣ ਲਈ ਉਤਸ਼ਾਹਤ ਕਰਕੇ ਉਨ੍ਹਾਂ ਦੇ ਸਰੀਰਕ ਵਿਕਾਸ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਨ। ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਨੌਜਵਾਨ ਪੀੜ੍ਹੀ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਪੰਜਾਬ ਰਾਜ ਵਿਚ ਖੇਡ ਸੱਭਿਆਚਾਰ ਸਿਰਜਣਾ ਪਵੇਗਾ। ਪੰਜਾਬ ਵਿੱਚ ਖੇਡ ਸੱਭਿਆਚਾਰ ਦੀ ਸਿਰਜਣਾ ਲਈ ਮਾਪਿਆਂ, ਅਧਿਆਪਕਾਂ, ਖੇਡ ਪ੍ਰੇਮੀਆਂ ਅਤੇ ਸਮਾਜਿਕ ਜੱਥੇਬੰਦੀਆਂ ਦੇ ਸਹਿਯੋਗ ਦੀ ਅਤਿਅੰਤ ਲੋੜ ਹੈ ।

ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਆਕਰਸ਼ਿਤ ਕਰਨ ਲਈ ਬਚਪਨ ਤੋਂ ਹੀ ਵਿਸ਼ੇਸ ਯਤਨਾਂ ਦੀ ਲੋੜ ਹੁੰਦੀ ਹੈ ਅਤੇ ਇਸੇ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਸਿੱਖਿਆ ਵਿਭਾਗ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਖੇਡਾਂ ਦੇ ਖੇਤਰ ਵਿੱਚ ਰਾਜ ਅਤੇ ਰਾਸ਼ਟਰੀ ਪੱਧਰ ’ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਬੋਰਡ

ਪ੍ਰੀਖਿਆਵਾਂ ਵਿੱਚ ਵਾਧੂ ਅੰਕ ਦੇਣ ਦਾ ਫੈਸਲਾ ਲਾਗੂ ਕੀਤਾ ਗਿਆ ਹੈ। ਸਕੂਲ ਪੱਧਰ ਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ ਤਜ਼ਵੀਜ਼ ਤਿਆਰ ਕੀਤੀ ਗਈ ਹੈ। ਇਸ ਤਜ਼ਵੀਜ਼ ਅਧੀਨ ਸਕੂਲ ਪੱਧਰ ਤੋਂ ਰਾਜ ਪੱਧਰ ਤੱਕ ਖੇਡ ਸੱਭਿਆਚਾਰ ਨੂੰ ਸੁਚਾਰੂ ਰੂਪ ਨਾਲ ਸਿਰਜਣ ਲਈ ਜਿੰਮੇਵਾਰੀਆਂ ਤੈਅ ਕੀਤੀਆਂ ਗਈਆਂ ਹਨ। ਖਿਡਾਰੀਆਂ ਦੀ ਫਿੱਟਨੈਸ ਬਰਕਰਾਰ ਰੱਖਣ ਲਈ ਖੇਡ ਮਾਹਿਰਾਂ ਦੀ ਅਗਵਾਈ ਵਿੱਚ ਵਿਸ਼ੇਸ ਮੈਨੂਅਲ ਤਿਆਰ ਕੀਤੇ ਜਾਣਗੇ ਜਿਨ੍ਹਾਂ ਦੇ ਅਧਾਰ ਤੇ ਅਧਿਆਪਕਾਂ ਵੱਲੋਂ ਖਿਡਾਰੀਆਂ ਨੂੰ ਕੋਚਿੰਗ ਦਿੱਤੀ ਜਾਵੇਗੀ। ਪੰਜਾਬ ਰਾਜ ਵਿੱਚ ਕੰਮ ਕਰ ਰਹੇ ਮਾਹਿਰ ਸਰੀਰਿਕ ਸਿੱਖਿਆ ਅਤੇ ਖੇਡ ਅਧਿਆਪਕਾਂ ਦੇ ਸਹਿਯੋਗ ਨਾਲ ਉੱਚ ਪੱਧਰੀ ਖਿਡਾਰੀ ਪੈਦਾ ਕਰਨ ਦਾ ਟੀਚਾ ਮਿਥਿਆ ਗਿਆ ਹੈ । ਅਧਿਆਪਕਾਂ ਦਾ ਮੁਲਾਂਕਣ ਖੇਡਾਂ ਦੇ ਖੇਤਰ ਵਿੱਚ ਦਿਖਾਈ ਕਾਰਗੁਜ਼ਾਰੀ ਦੇ ਅਧਾਰ ਤੇ ਕੀਤਾ ਜਾਵੇਗਾ। ਸਕੂਲਾਂ ਵਿੱਚ ਖੇਡਾਂ ਲਈ ਲੋੜੀਂਦੀਆਂ ਮੁੱਢਲੀਆਂ ਸਹੂਲਤਾਂ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇਗਾ ਅਤੇ ਖਿਡਾਰੀਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ ਤਾਂ ਜੋ ਉਨ੍ਹਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਪਰਕਾਸ਼ ਸਿੰਘ ਬਾਦਲ ਜੀ ਦੀ ਅਗਵਾਈ ਹੇਠ ਉੱਪ ਮੁੱਖ ਮੰਤਰੀ ਪੰਜਾਬ ਸ.ਸੁਖਬੀਰ ਸਿੰਘ ਬਾਦਲ ਜੀ ਵੱਲੋਂ ਖੇਡਾਂ ਨੂੰ ਖਾਸ ਤਵੱਜੋਂ ਦਿੱਤੀ ਜਾ ਰਹੀ ਹੈ ਅਤੇ ਉਨ੍ਹਾਂ ਕੋਸ਼ਿਸ਼ਾਂ ਸਦਕਾ ਪੰਜਾਬੀਆਂ ਦੇ ਮਾਂ ਖੇਡ ਕਬੱਡੀ ਅੱਜ ਦੁਨੀਆਂ ਦੇ ਕੋਨੇ-ਕੋਨੇ ਤੱਕ ਪਹੁੰਚ ਗਈ ਹੈ। ਵਿਸ਼ਵ ਕੱਪ ਕਬੱਡੀ ਦੇ ਚਾਰ ਮੁਕਾਬਲਿਆਂ ਦਾ ਸਫਲ ਆਯੋਜਨ ਇਸ ਦੀ ਗਵਾਹੀ ਭਰਦਾ ਹੈ। ਇਸ ਤੋਂ ਇਲਾਵਾਂ ਹੋਰਨਾਂ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਸ਼ਹੀਦ-ਏ-ਆਜ਼ਮ ਭਗਤ ਸਿੰਘ ਪੰਜਾਬ ਖੇਡਾਂ ਸ਼ੁਰੂ ਕੀਤੀਆਂ ਗਈਆਂ ਹਨ। ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਜੀ ਵੱਲੋਂ ਖੇਡਾਂ ਨੂੰ ਹੇਠਲੇ ਪੱਧਰ ਤੋਂ ਉਪਰ ਚੁੱਕਣ ਲਈ ਪੰਜਾਬ ਲੀਗ ਦੀ ਸ਼ੁਰੂਆਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਮੁੱਖ ਮੰਤਰੀ ਜੀ ਤੇ ਉਪ ਮੁੱਖ ਮੰਤਰੀ ਜੀ ਖੇਡਾਂ ਦੇ ਖੇਤਰ ਵੱਲ ਦਿੱਤੇ ਜਾ ਰਹੇ ਵਿਸ਼ੇਸ਼ ਧਿਆਨ ਤੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੋਇਆ ਅੱਜ ਖੇਡ ਦਿਵਸ ਦੇ ਸੁਭਾਗੇ ਮੌਕੇ ਮੈਂ ਤੁਹਾਨੂੰ ਵਿਸ਼ਵਾਸ਼ ਦਵਾਉਂਦਾ ਹਾਂ ਕਿ ਸੂਬੇ ਭਰ ਦੇ ਸਕੂਲਾਂ ਵਿੱਚ ਖੇਡਾਂ ਦੇ ਵਿਕਾਸ ਲਈ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਮੈਂ ਆਸ ਕਰਦਾਂ ਹਾਂ ਕਿ ਪੰਜਾਬ ਰਾਜ ਦੇ ਸਮੂਹ ਵਿਦਿਆਰਥੀ, ਅਧਿਆਪਕ, ਮਾਤਾ-ਪਿਤਾ, ਸਿੱਖਿਆ ਵਿਭਾਗ ਦੇ ਅਧਿਕਾਰੀ, ਖੇਡ ਪ੍ਰੇਮੀ, ਪ੍ਰਵਾਸੀ ਭਾਰਤੀ ਅਤੇ ਸਮਾਜ ਸੇਵੀ ਜੱਥੇਬੰਦੀਆਂ ਨਰੋਏ ਸਮਾਜ ਦੀ ਸਿਰਜਣਾ ਹਿੱਤ ਇਹ ਪ੍ਰਣ ਕਰਨਾ ਯਕੀਨੀ ਬਣਾਉਣਗੇ ਕਿ ਪੰਜਾਬ ਰਾਜ ਨੂੰ ਖੇਡਾਂ ਦੇ ਖੇਤਰ ਵਿੱਚ ਮੁੜ ਤੋਂ ਬੁਲੰਦੀਆਂ ਤੇ ਪਹੁੰਚਾਣ ਲਈ ਲੋੜੀਂਦੇ ਯਤਨ ਕੀਤੇ ਜਾਣਗੇ। ਧੰਨਵਾਦ ।

ਡਾ. ਦਲਜੀਤ ਸਿੰਘ ਚੀਮਾ

ਸਿੱਖਿਆ ਮੰਤਰੀ ਪੰਜਾਬ ।